**ਪੰਜਾਬ ਸਕੂਲ ਸਿੱਖਿਆ ਬੋਰਡ**
**ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062**

## ਪ੍ਰੈਸ ਨੋਟ

ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀ ਅਨੁਪੂਰਕ ਪ੍ਰੀਖਿਆ ਨਵੰਬਰ 2017 ਦਾ ਨਤੀਜਾ ਮਿਤੀ 12.12.2017 (ਬਾਰ੍ਹਵੀਂ) ਅਤੇ ਮਿਤੀ 14.12.2017 (ਦਸਵੀਂ) ਨੂੰ ਘੋਸ਼ਿਤ ਹੋ ਚੁੱਕਾ ਹੈ। ਜਿਹੜੇ ਪ੍ਰੀਖਿਆਰਥੀਆਂ ਨੇ ਆਪਣੇ ਕਿਸੇ ਵਿਸ਼ੇ ਦੀ ਰੀਚੈਕਿੰਗ ਲਈ ਅਪਲਾਈ ਕਰਨਾ ਹੈ, ਉਹ ਮਿਤੀ 16.12.2017 ਤੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈੱਬਸਾਈਟ www.pseb.ac.in ਤੇ ਦਰਸਾਈਆਂ ਹਦਾਇਤਾਂ ਅਨੁਸਾਰ ਮਿਤੀ 30.12.2017 ਤੱਕ online ਅਪਲਾਈ ਕਰ ਸਕਦੇ ਹਨ। ਇਸ ਤੋਂ ਬਾਅਦ ਫੀਸ ਚਲਾਨ ਜਨਰੇਟ ਕਰਕੇ ਦਰਸਾਈ ਬੈਂਕ ਵਿੱਚ ਮਿਤੀ 03.01.2018 ਤੱਕ ਫੀਸ ਜਮ੍ਹਾਂ ਕਰਵਾਈ ਜਾਵੇ। ਇਸ ਉਪਰੰਤ ਰੀਚੈਕਿੰਗ ਫਾਰਮ ਦਾ ਪ੍ਰਿੰਟ ਅਤੇ ਜਮ੍ਹਾਂ ਕਰਵਾਈ ਗਈ ਫੀਸ ਦਾ ਚਲਾਨ ਆਪਣੇ ਜ਼ਿਲ੍ਹੇ ਦੇ ਖੇਤਰੀ ਦਫ਼ਤਰ, ਪੰਜਾਬ ਸਕੂਲ ਸਿੱਖਿਆ ਬੋਰਡ ਵਿਖੇ ਮਿਤੀ 08.01.2018 ਤੱਕ ਜਮ੍ਹਾਂ ਕਰਵਾਏ ਜਾਣ। ਪ੍ਰੀਖਿਆਰਥੀ ਰੀਚੈਕਿੰਗ ਲਈ ਇੱਕ ਹੀ ਵਾਰ ਫਾਰਮ ਭਰ ਸਕੇਗਾ।

ਸਕੱਤਰ
ਪੰਜਾਬ ਸਕੂਲ ਸਿੱਖਿਆ ਬੋਰਡ।